**ਪ੍ਰੈਸ ਨੋਟ ਨੰਬਰ-1**

**1/20992/2020**

ਸੂਚਨਾ ’ਤੇ ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫਾਜ਼ਿਲਕਾ

ਭੱਠਾ ਮਾਲਕਾਂ ਨੂੰ ਸਵੇਰੇ 5 ਤੋਂ ਸਵੇਰੇ 11 ਵਜੇ ਤੱਕ ਇੱਟਾਂ ਸਪਲਾਈ ਕਰਨ ਦੀ ਹਦਾਇਤ ਕੀਤੀ

*ਭੱਠਾ ਮਾਲਕਾਂ ਸਰਕਾਰ ਵੱਲੋਂ ਕੋਵਿਡ-19 ਅਧੀਨ ਜਾਰੀ ਕੀਤੀਆਂ

ਹਦਾਇਤਾਂ ਦੀ ਪਾਲਣਾਂ ਕਰਨ

ਫਾਜ਼ਿਲਕਾ, 29 ਅਪ੍ਰੈਲ

ਜ਼ਿਲ੍ਹਾ ਮੈਜਿਸਟਰੇਟ ਸ. ਅਰਵਿੰਦ ਪਾਲ ਸਿੰਘ ਸੰਧੂ ਨੇ ਇਕ ਹੁਕਮ ਰਾਹੀਂ ਦੱਸਿਆ ਕਿ ਸਰਕਾਰ ਵੱਲੋਂ ਆਮ ਜਨਤਾ ਨੂੰ ਮਹਾਂਮਾਰੀ ਤੋਂ ਬਚਾਉਣ ਲਈ ਸਾਵਧਾਨੀ ਵਰਤਦੇ ਹੋਏ ਰਾਜ ਵਿੱਚ ਤਾਲਾਬੰਦੀ ਦੇ ਨਾਲ-ਨਾਲ ਕਰਫਿਊ ਵੀ ਜਾਰੀ ਰੱਖਿਆ ਗਿਆ ਹੈ। ਜ਼ਿਲ੍ਹਾ ਫ਼ਾਜ਼ਿਲਕਾ ਵਿਚ ਸਥਾਪਿਤ ਇੱਟਾਂ ਦੇ ਭੱਠੇ ਪਹਿਲਾਂ ਹੀ ਚੱਲ ਰਹੇ ਹਨ, ਪਰ ਭੱਠਾ ਐਸੋਸੀਏਸ਼ਨ ਵੱਲੋਂ ਮੰਗ ਕੀਤੀ ਗਈ ਹੈ ਕਿ ਕੁਝ ਥਾਵਾਂ ’ਤੇ ਉਸਾਰੀ ਦਾ ਕੰਮ ਚੱਲਦਾ ਹੋਣ ਕਰਕੇ ਇੱਟਾਂ ਦੀ ਮੰਗ ਕੀਤੀ ਜਾ ਰਹੀ ਹੈ ਅਤੇ ਭੱਠਾ ਮਾਲਕਾਂ ਨੂੰ ਇੱਟਾਂ ਦੀ ਸਪਲਾਈ ਕਰਨ ਵਿਚ ਕਾਫੀ ਮੁਸ਼ਕਲ ਆ ਰਹੀ ਹੈ। ਭੱਠਾ ਐਸੋਸੀਏਸ਼ਨ ਦੀ ਮੰਗ ਨੂੰ ਮੁੱਖ ਰੱਖਦੇ ਹੋਏ ਜ਼ਿਲ੍ਹਾ ਫ਼ਾਜਿਲਕਾ ਵਿਚ ਭੱਠਾ ਮਾਲਕਾਂ ਨੂੰ ਸਵੇਰੇ 5 ਤੋਂ ਸਵੇਰੇ 11 ਵਜੇ ਤੱਕ ਇੱਟਾਂ ਸਪਲਾਈ ਕਰਨ ਦੀ ਆਗਿਆ ਦਿੱਤੀ ਜਾਂਦੀ ਹੈ। ਜਾਰੀ ਹੁਕਮਾਂ ਵਿੱਚ ਸ. ਸੰਧੂ ਨੇ ਹਦਾਇਤ ਕਰਦਿਆਂ ਕਿਹਾ ਕਿ ਇੱਟਾਂ ਦੀ ਸਪਲਾਈ ਕਰਨ ਵਾਲੇ ਵਹੀਕਲ ਦੇ ਡਰਾਈਵਰ ਤੋਂ ਇਲਾਵਾ ਸਿਰਫ ਲੇਬਰ ਵਾਲੇ ਦੋ ਵਿਅਕਤੀਆਂ ਨੂੰ ਜਾਣ ਦੀ ਆਗਿਆ ਹੋਵੇਗੀ। ਭੱਠਾ ਮਾਲਕਾਂ ਵੱਲੋਂ ਭੱਠੇ ’ਤੇ ਕੰਮ ਕਰਨ ਵਾਲੇ ਸਮੂਹ ਕਾਮਿਆਂ ਅਤੇ ਇੱਟਾਂ ਸਪਲਾਈ ਕਰਨ ਵਾਲੇ ਡਰਾਈਵਰਾਂ/ਕਾਮਿਆਂ ਨੂੰ ਸਰਕਾਰ ਵੱਲੋਂ ਅਤੇ ਉਨ੍ਹਾਂ ਵੱਲੋਂ ਕੋਵਿਡ-19 ਅਧੀਨ ਜਾਰੀ ਕੀਤੀਆਂ ਹੋਈਆਂ ਹਦਾਇਤਾਂ ਦੀ ਪਾਲਣਾ ਕਰਨੀ ਯਕੀਨੀ ਬਨਾਉਣਗੇ। ਇਸ ਤੋਂ ਇਲਾਵਾ ਇਕ ਡਰਾਈਵਰ ਅਤੇ ਲੇਬਰ ਵਾਲੇ ਦੋ ਵਿਅਕਤੀਆਂ ਦੀ ਮੈਡੀਕਲ ਜਾਂਚ ਹੋਣ ਉਪਰੰਤ ਹੀ ਜ਼ਿਲ੍ਹਾ ਖੁਰਾਕ ਅਤੇ ਸਪਲਾਈ ਕੰਟਰੋਲਰ ਫ਼ਾਜ਼ਿਲਕਾ ਵੱਲੋਂ ਕਰਫਿਊ ਪਾਸ ਜਾਰੀ ਕੀਤਾ ਜਾਵੇਗਾ।

**ਪ੍ਰੈਸ ਨੋਟ ਨੰਬਰ-2**

**1/21020/2020**

ਸੂਚਨਾ ’ਤੇ ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫਾਜ਼ਿਲਕਾ

ਕੋਵਿਡ-19

ਜਲਾਲਾਬਾਦ, ਫਾਜ਼ਿਲਕਾ, ਬੱਲੂਆਣਾ ਦੇ ਵਿਧਾਇਕਾਂ ਵੱਲੋਂ ਮੁੱਖ ਮੰਤਰੀ ਨਾਲ

ਵੀਡੀਓ ਕਾਨਫਰੰਸ ਰਾਹੀ ਲੋਕ ਮੁੱਦਿਆ ਦੇ ਕੀਤੀ ਗੱਲਬਾਤ

*ਵਿਧਾਇਕ ਰਮਿੰਦਰ ਆਵਲਾਂ ਨੇ ਵੀਡੀਓ ਕਾਨਫਰੰਸ ਰਾਹੀ ਹਲਕੇ ਦੇ ਮਿਡਲ ਕਲਾਸ ਲੋਕਾਂ ਅਤੇ ਕਿਸਾਨਾਂ ਦੀ ਸਮੱਸਿਆਵਾਂ

ਬਾਰੇ ਮੁੱਖ ਮੰਤਰੀ ਨੰੂ ਜਾਣੂ ਕਰਵਾਇਆ

*ਤਿੰਨਾਂ ਵਿਧਾਇਕਾਂ ਵੱਲੋਂ ਜ਼ਿਲ੍ਹੇ ਦੀਆਂ ਮੰਡੀਆਂ ਅੰਦਰ ਕਣਕ ਦੀ ਖਰੀਦ ਪ੍ਰਕਿਰਿਆਂ 'ਤੇ ਸੰਤੁਸ਼ਟੀ ਪ੍ਰਗਟਾਈ

*ਵਿਧਾਇਕ ਦਵਿੰਦਰ ਘੁਬਾਇਆ ਨੇ ਜੈਸਲਮੇਰ ਤੋਂ ਜ਼ਿਲ੍ਹੇ ਦੀ ਲੇਬਰ ਨੰੂ ਫਾਜ਼ਿਲਕਾ ਲਿਆਉਣ ਲਈ ਮੁੱਖ ਮੰਤਰੀ ਦਾ ਕੀਤਾ ਧੰਨਵਾਦ

ਫਾਜ਼ਿਲਕਾ, ਜਲਾਲਾਬਾਦ 29 ਅਪ੍ਰੈਲ

ਕੋਰੋਨਾ ਮਹਾਂਮਾਰੀ ਦੇ ਚਲਦਿਆਂ ਪੰਜਾਬ ਸਰਕਾਰ ਵਲੋਂ 3 ਮਈ ਤੱਕ ਕਰਫਿਉ ਵਧਾਇਆ ਗਿਆ ਹੈ ਅਤੇ ਭਵਿੱਖ ਦੀ ਪ੍ਰਕਿਰਿਆਂ ਨੂੰ ਲੈ ਕੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਵਲੋਂ ਸੂਬੇ ਦੇ ਵੱਖ-ਵੱਖ ਵਿਧਾਨ ਸਭਾ ਹਲਕਿਆਂ ਅੰਦਰ ਵਿਧਾਇਕਾਂ ਨਾਲ ਕੀਤੀ ਜਾ ਰਹੀ ਵੀਡਿਓ ਕਾਨਫਰੰਸ ਰਾਹੀਂ ਸੁਝਾਅ ਲਏ ਜਾ ਰਹੇ ਹਨ। ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਵੱਲੋਂ ਬੀਤੇ ਦਿਨੀ ਜ਼ਿਲ੍ਹਾ ਫਾਜ਼ਿਲਕਾ ਦੇ ਹਲਕਾ ਜਲਾਲਾਬਾਦ ਤੋਂ ਵਿਧਾਇਕ ਸ੍ਰੀ ਰਮਿੰਦਰ ਆਂਵਲਾ, ਫਾਜ਼ਿਲਕਾ ਤੋਂ ਸ੍ਰੀ ਦਵਿੰਦਰ ਘੁਬਾਇਆ ਅਤੇ ਬੱਲੂਆਣਾ ਤੋਂ ਸ੍ਰੀ ਨੱਥੂ ਰਾਮ ਨਾਲ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਵੀਡੀਓ ਕਾਨਫਰੰਸਿੰਗ ਰੂਮ ਵਿਖੇ ਵੀਡੀਓ ਕਾਨਫਰੰਸ਼ ਰਾਹੀ ਵਿਸ਼ੇਸ ਗੱਲਬਾਤ ਕੀਤੀ।

ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨਾਲ ਤਿੰਨਾਂ ਵਿਧਾਇਕਾਂ ਵੱਲੋਂ ਗੱਲਬਾਤ ਕਰਦਿਆਂ ਆਪਣੇ-ਆਪਣੇ ਹਲਕੇ ਨਾਲ ਜੁੜੇ ਲੋਕ ਮੁੱਦਿਆਂ ਤੇ ਵਿਚਾਰਾਂ ਕੀਤੀਆ ਅਤੇ ਕੋਵਿਡ-19 ਦੀ ਨਾਮੁਰਾਦ ਬਿਮਾਰੀ ਤੋਂ ਜ਼ਿਲ੍ਹੇ ਦੇ ਲੋਕਾਂ ਨੰੂ ਸੁਰੱਖਿਅਤ ਰੱਖਣ ਲਈ ਸਰਕਾਰ ਦੀ ਹਰੇਕ ਰਣਨੀਤੀ ਨੰੂ ਜ਼ਮੀਨੀ ਪੱਧਰ 'ਤੇ ਪਹੰੁਚਾਉਣ ਲਈ ਭਰੋਸਾ ਦਿਵਾਇਆ।

ਵਿਧਾਇਕ ਰਮਿੰਦਰ ਆਂਵਲਾ ਨੇ ਮੁੱਖ ਮੰਤਰੀ ਨੰੂ ਹਲਕੇ ਦੇ ਮਿਡਲ ਕਲਾਸ ਲੋਕਾਂ ਅਤੇ ਕਿਸਾਨਾਂ ਦੀ ਸਮੱਸਿਆਵਾਂ ਬਾਰੇ ਜਾਣੂ ਕਰਵਾਇਆ। ਉਨ੍ਹਾਂ ਕਿਹਾ ਕਿ ਭਵਿੱਖ ਅੰਦਰ ਜੇਕਰ ਲਾਕਡਾਊਨ ਜਾਂ ਕਰਫਿਊ 'ਚ ਵਾਧਾ ਹੁੰਦਾ ਹੈ ਤਾਂ ਗਰੀਨ ਜੋਨ ਜ਼ਿਲ੍ਹੇ ਦੇ ਮਿਡਲ ਕਲਾਸ ਕਾਰੋਬਾਰੀਆਂ ਨੂੰ ਢਿੱਲ ਦੇਣ ਲਈ ਵਿਚਾਰ ਲਿਆ ਜਾਵੇ। ਵਿਧਾਇਕ ਰਮਿੰਦਰ ਆਵਲਾ ਨੇ ਕਿਹਾ ਕਿ ਭਵਿੱਖ 'ਚ ਕਿਸਾਨਾਂ ਵੱਲੋਂ ਝੋਨੇ ਦੀ ਬਿਜਾਈ ਕੀਤੀ ਜਾਣੀ ਹੈ ਅਤੇ ਕਿਸਾਨਾਂ ਨੂੰ ਸਿੱਧੀ ਬਿਜਾਈ ਲਈ ਪ੍ਰੇਰਿਤ ਕੀਤਾ ਜਾਵੇ ਤਾਂ ਜੋ ਪਾਣੀ ਖਪਤ ਵੀ ਘੱਟ ਹੋ ਸਕੇ। ਉਨ੍ਹਾਂ ਕਿਹਾ ਕਿ ਝੋਨੇ ਦੀ ਸਿੱਧੀ ਬਿਜਾਈ ਲਈ ਝਾੜ ਘੱਟ ਹੋਣ ਦੀ ਸੂਰਤ 'ਚ ਕਿਸਾਨਾਂ ਨੂੰ ਕੇਂਦਰ ਪਾਸੋਂ 400-500 ਰੁਪਏ ਪ੍ਰਤੀ ਕੁਇੰਟਲ ਬੋਨਸ ਮਿਲਣਾ ਚਾਹੀਦਾ ਹੈ।

ਉਨ੍ਹਾਂ ਦੱਸਿਆ ਕਿ ਜਲਾਲਾਬਾਦ ਹਲਕੇ ਅੰਦਰ 100125 ਮੀਟ੍ਰਿਕ ਟਨ 27 ਅਪ੍ਰੈਲ ਤੱਕ ਖਰੀਦ ਹੋ ਚੁੱਕੀ ਹੈ ਉਸ 'ਚ 61020 ਮੀਟ੍ਰਿਕ ਟਨ ਕਣਕ ਦੀ ਲਿਫਟਿੰਗ ਹੋ ਚੁੱਕੀ ਹੈ। ਉਨ੍ਹਾਂ ਕਿਹਾ ਕਿ ਮੰਡੀਆਂ 'ਚ ਕਰੀਬ 2 ਲੱਖ ਮੀਟ੍ਰਿਕ ਟਨ ਕਣਕ ਦੀ ਆਮਦ ਹੋਣੀ ਹੈ ਜਦਕਿ 60 ਪ੍ਰਤੀਸ਼ਤ ਤੱਕ ਮੰਡੀਆਂ ਕਣਕ ਆ ਚੁੱਕੀ ਹੈ। ਉਨ੍ਹਾਂ ਪਿਛਲੀ ਅਕਾਲੀ ਭਾਜਪਾ ਸਰਕਾਰ ਸਮੇਂ ਆੜ੍ਹਤੀਆਂ ਤੋਂ ਡਾਲੇ ਦੇ ਰੂਪ ਲਏ ਜਾ ਰਹੇ ਟੈਕਸ ਨੂੰ ਬੰਦ ਕਰਵਾ ਕੇ ਆੜ੍ਹਤੀਆਂ ਤੇ ਕਿਸਾਨਾਂ ਦੇ ਪੈਣ ਵਾਲੇ ਫਾਲਤੂ ਬੋਝ ਬਾਰੇ ਮੁੱਖ ਮੰਤਰੀ ਨੰੂ ਜਾਣੂ ਕਰਵਾਇਆ। ਉਨ੍ਹਾਂ ਮੁੱਖ ਮੰਤਰੀ ਨੰੂ ਦੱਸਿਆ ਕਿ ਰਾਜ ਸਰਕਾਰ ਵੱਲੋਂ ਹਲਕੇ ਦੇ ਲੋੜਵੰਦ ਲੋਕਾਂ ਲਈ ਭੇਜੇ ਗਏ 8 ਹਜਾਰ ਬੈਗਸ ਦੀ ਪਾਰਦਰਸ਼ੀ ਢੰਗ ਨਾਲ ਵੰਡ ਕਰਵਾਈ ਗਈ ਹੈ ਅਤੇ ਨਿੱਜੀ ਤੌਰ ਤੇ ਵੀ 15 ਹਜ਼ਾਰ ਰਾਸ਼ਨ ਦੇ ਬੈਗ, 25 ਹਜ਼ਾਰ ਸੈਨਟਾਈਜ਼ਰ ਵੰਡੇ ਗਏ ਹਨ।

ਇਸ ਤੋਂ ਪਹਿਲਾ ਵਿਧਾਇਕ ਫਾਜ਼ਿਲਕਾ ਸ੍ਰੀ ਦਵਿੰਦਰ ਸਿੰਘ ਘੁਬਾਇਆ ਨੇ ਮੁੱਖ ਮੰਤਰੀ ਪੰਜਾਬ ਕੈਪਟਨ ਅਮਰਿੰਦਰ ਸਿੰਘ ਦਾ ਫਾਜ਼ਿਲਕਾ ਦੇ ਲੋਕਾਂ ਨੰੂ ਜੈਸਲਮੇਰ ਤੋਂ ਉਨ੍ਹਾਂ ਦੀ ਬੇਨਤੀ 'ਤੇ ਸਰਕਾਰੀ ਬੱਸਾਂ ਰਾਹੀ ਘਰਾਂ ਤੱਕ ਪੁੱਜਦਾ ਕਰਨ ਲਈ ਵਿਸੇਸ ਤੌਰੇ ਤੇ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਹਲਕਾ ਫਾਜ਼ਿਲਕਾ ਦੇ ਲੋਕ ਇਸ ਔਖੀ ਘੜੀ ਅੰਦਰ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਸ਼ਲਾਘਾਯੋਗ ਕਾਰਜ਼ਾਂ ਨੰੂ ਹਮੇਸ਼ਾ ਯਾਦ ਰੱਖਣਗੇ।

**ਪ੍ਰੈਸ ਨੋਟ-3**
**1/21043/2020**
ਸੂਚਨਾ ਤੇ ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਾਜਿਲਕਾ

ਖਰੀਦ ਪ੍ਰਕਿਰਿਆ ਦੌਰਾਨ ਕਿਸਾਨਾਂ ਨੂੰ ਕਿਸੇ ਕਿਸਮ ਦੀ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ-ਡਿਪਟੀ ਕਮਿਸ਼ਨਰ

*ਬੀਤੇ ਦਿਨ ਤੱਕ 304651 ਮੀਟ੍ਰਿਕ ਟਨ ਕਣਕ ਦੀ ਹੋਈ ਖਰੀਦ

*144 ਕਰੋੜ ਦੀ ਕਿਸਾਨਾਂ ਨੂੰ ਅਦਾਇਗੀ ਹੋਈ- ਰਾਜਰਿਸ਼ੀ ਮਹਿਰਾ

ਫ਼ਾਜ਼ਿਲਕਾ, 29 ਅਪ੍ਰੈਲ

ਡਿਪਟੀ ਕਮਿਸ਼ਨਰ ਸ. ਅਰਵਿੰਦ ਪਾਲ ਸਿੰਘ ਸੰਧੂ ਨੇ ਦੱਸਿਆ ਕਿ ਮੰਡੀਆਂ ਵਿੱਚ ਕਣਕ ਦੀ ਖਰੀਦ ਪ੍ਰਕਿਰਿਆ ਨਿਰਵਿਘਨ ਚੱਲ ਰਹੀ ਹੈ। ਉਨ੍ਹਾਂ ਦੱਸਿਆ ਕਿ ਖਰੀਦ ਪ੍ਰਕਿਰਿਆ ਦੌਰਾਨ ਕਿਸਾਨਾਂ ਨੂੰ ਕਿਸੇ ਕਿਸਮ ਦੀ ਮੁਸ਼ਕਲ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਬੀਤੇ ਦਿਨ ਤੱਕ ਮੰਡੀਆਂ ਵਿਖੇ 309857 ਮੀਟ੍ਰਿਕ ਟਨ ਕਣਕ ਦੀ ਆਮਦ ਹੋਈ ਹੈ ਅਤੇ ਵੱਖ-ਵੱਖ ਖਰੀਦ ਏਜੰਸੀਆਂ ਵੱਲੋਂ 304651 ਮੀਟ੍ਰਿਕ ਟਨ ਕਣਕ ਦੀ ਖਰੀਦ ਹੋ ਚੁੱਕੀ ਹੈ।

ਜ਼ਿਲ੍ਹਾ ਫੂਡ ਸਪਲਾਈ ਕੰਟਰੋਲਰ ਰਾਜਰਿਸ਼ੀ ਮਹਿਰਾ ਨੇ ਦੱਸਿਆ ਕਿ ਬੀਤੇ ਦਿਨ 28 ਅਪ੍ਰੈਲ ਨੂੰ 37495 ਮੀਟ੍ਰਿਕ ਟਨ ਕਣਕ ਦੀ ਖਰੀਦ ਕੀਤੀ ਗਈ ਹੈ, ਜਿਸ ਵਿਚੋਂ ਪਨਗਰੇਨ ਵੱਲੋਂ 10622 ਮੀਟ੍ਰਿਕ ਟਨ, ਐਫ.ਸੀ.ਆਈ ਵੱਲੋਂ 2205 ਮੀਟ੍ਰਿਕ ਟਨ, ਮਾਰਕਫੈੱਡ ਵੱਲੋਂ 10675 ਮੀਟ੍ਰਿਕ ਟਨ, ਪਨਸਪ ਵੱਲੋਂ 8539 ਮੀਟ੍ਰਿਕ ਟਨ ਅਤੇ ਪੰਜਾਬ ਵੇਅਰਹਾਊਸ ਵੱਲੋਂ 5454 ਮੀਟ੍ਰਿਕ ਟਨ ਕਣਕ ਖ਼ਰੀਦੀ ਗਈ ਹੈ। ਉਨ੍ਹਾਂ ਦੱਸਿਆ ਕਿ ਬੀਤੀ ਸ਼ਾਮ ਤੱਕ ਕਿਸਾਨਾਂ ਨੂੰ 144 ਕਰੋੜ ਦੀ ਅਦਾਇਗੀ ਕਰ ਦਿੱਤੀ ਗਈ ਹੈ।

**ਪ੍ਰੈਸ ਨੋਟ ਨੰਬਰ-4**
**1/21048/2020**
ਸੂਚਨਾ ’ਤੇ ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫਾਜ਼ਿਲਕਾ

ਕੋਵਿਡ-19

ਕਣਕ ਦੇ ਗੋਦਾਮਾਂ ਵਿਚ ਅਣਲੋਡਿੰਗ ਦਾ ਕੰਮ ਸਵੇਰੇ 7 ਤੋਂ ਸ਼ਾਮ 7 ਵਜੇ ਤੱਕ ਮੁਕਰੱਰ-ਜ਼ਿਲ੍ਹਾ ਮੈਜਿਸਟਰੇਟ

ਫਾਜ਼ਿਲਕਾ, 29 ਅਪ੍ਰੈਲ

ਜ਼ਿਲ੍ਹਾ ਮੈਜਿਸਟਰੇਟ ਸ. ਅਰਵਿੰਦ ਪਾਲ ਸਿੰਘ ਸੰਧੂ ਨੇ ਇਕ ਹੁਕਮ ਰਾਹੀਂ ਦੱਸਿਆ ਕਿ ਸਰਕਾਰ ਵੱਲੋਂ ਆਮ ਜਨਤਾ ਨੂੰ ਮਹਾਂਮਾਰੀ ਤੋਂ ਬਚਾਉਣ ਲਈ ਸਾਵਧਾਨੀ ਵਰਤਦੇ ਹੋਏ ਰਾਜ ਵਿੱਚ ਤਾਲਾਬੰਦੀ ਦੇ ਨਾਲ-ਨਾਲ ਕਰਫਿਊ ਵੀ ਜਾਰੀ ਰੱਖਿਆ ਗਿਆ ਹੈ। ਉਨ੍ਹਾਂ ਕਿਹਾ ਕਿ ਵੱਖ-ਵੱਖ ਖਰੀਦ ਏਜੰਸੀਆਂ ਵੱਲੋਂ ਜ਼ਿਲ੍ਹਾ ਫ਼ਾਜ਼ਿਲਕਾ ਦੀਆਂ ਵੱਖ-ਵੱਖ ਮੰਡੀਆਂ ਵਿਚੋਂ ਕਣਕ ਦੀ ਖਰੀਦ ਕਰਕੇ, ਉਸ ਨੂੰ ਜ਼ਿਲ੍ਹਾ ਫ਼ਾਜ਼ਿਲਕਾ ਦੇ ਵੱਖ-ਵੱਖ ਗੋਦਾਮਾਂ ਵਿਚ ਜਮ੍ਹਾਂ ਕਰਵਾਇਆ ਜਾਂਦਾ ਹੈ, ਪਰ ਇਹ ਦੇਖਣ ਵਿਚ ਆਇਆ ਹੈ ਕਿ ਜਿਆਦਾਤਰ ਗੋਦਾਮਾਂ ਵਿਚ ਖਰੀਦ ਏਜੰਸੀਆਂ ਵੱਲੋਂ ਅਣ-ਲੋਡਿੰਗ ਦਾ ਕੰਮ ਸਵੇਰੇ 10 ਵਜੇ ਤੋਂ ਸ਼ਾਮ 5 ਵਜੇ ਤੱਕ ਕੀਤਾ ਜਾਂਦਾ ਹੈ।

ਜਾਰੀ ਹੁਕਮਾਂ ਵਿਚ ਉਨ੍ਹਾਂ ਕਿਹਾ ਕਿ ਕਣਕ ਦੀ ਅਣਲੋਡਿੰਗ ਸਮੇਂ ਸਿਰ ਨਾ ਹੋਣ ਕਾਰਨ ਮੰਡੀਆਂ ਵਿਚ ਲਿਫਟਿੰਗ ਤੋਂ ਇਲਾਵਾ ਜਿੰਮੀਦਾਰਾਂ/ਆੜਤੀਆਂ ਨੂੰ ਮੰਡੀ ਵਿਚ ਵਾਧੂ ਜਗ੍ਹਾਂ ਨਾ ਹੋਣ ਕਾਰਨ ਪ੍ਰੇਸ਼ਾਨੀ ਹੁੰਦੀ ਹੈ। ਸਰਕਾਰ ਵੱਲੋਂ ਕੋਵਿਡ-19 ਦੀ ਸਾਵਧਾਨੀ ਦੇ ਤੌਰ 'ਤੇ ਵਰਤੀਆਂ ਜਾ ਰਹੀਆਂ ਸਾਵਧਾਨੀਆਂ ਦੇ ਮੱਦੇਨਜ਼ਰ ਇਸ ਸਮੱਸਿਆ ਦੇ ਹੱਲ ਲਈ ਜ਼ਿਲ੍ਹਾ ਫ਼ਾਜ਼ਿਲਕਾ ਵਿਚ ਸਥਾਪਿਤ ਕਣਕ ਦੇ ਗੋਦਾਮਾਂ ਵਿਚ ਅਣਲੋਡਿੰਗ ਦੇ ਕੰਮ ਦਾ ਸਮਾਂ ਸਵੇਰੇ 7 ਤੋਂ ਸ਼ਾਮ 7 ਵਜੇ ਤੱਕ ਮੁਕਰਰ ਕੀਤਾ ਜਾਂਦਾ ਹੈ ਤਾਂ ਜੋ ਵਧ ਤੋਂ ਵੱਧ ਲਿਫਟਿੰਗ ਹੋ ਸਕੇ ਅਤੇ ਮੰਡੀਆਂ ਵਿੱਚ ਵਾਧੂ ਜਗ੍ਹਾਂ ਬੱਚ ਸਕੇ।